ਵੱਲੋ

ਉਪ ਮੰਡਲ ਇੰਜੀਨੀਅਰ,
ਉਪ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ,
ਮੋਰਿੰਡਾ।

ਵੱਲ

ਪ੍ਰਿੰਸੀਪਲ,
ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ,
ਪਿੰਡ ਚਤਾਮਲਾ, ਕੁਰਾਲੀ ਰੋਡ,
ਮੋਰਿੰਡਾ, ਜਿਲ੍ਹਾ ਰੂਪਨਗਰ।

ਮੀਮੋ ਨੰ. 285 ਮਿਤੀ: 05-05-2022

ਵਿਸ਼ਾ:- **ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ ਸਾਲ 2022-23**

ਹਵਾਲਾ:- **ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਨੰ.1,ਲੋ.ਨਿ.ਵਿ. ਭ ਤੇ ਮ ਸ਼ਾਖਾ, ਐਸ.ਏ.ਐਸ. ਨਗਰ ਜੀ ਦੇ ਪਿੱਠ ਅੰਕਣ ਨੰ. 1745 ਮਿਤੀ: 29.04.2022 ਦੇ ਸਬੰਧ ਵਿੱਚ।**

*******

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਦੇ ਗਾਰਡਨ ਵੈਲੀ ਇੰਟਰਨੈਸਨਲ ਸਕੂਲ, ਪਿੰਡ ਚਤਾਮਲਾ, ਕੁਰਾਲੀ ਰੋਡ, ਮੋਰਿੰਡਾ, ਜਿਲ੍ਹਾ ਰੂਪਨਗਰ ਦੀ ਬਿਲਡਿੰਗ ਦਾ ਇਸ ਦਫ਼ਤਰ ਦੇ ਸ੍ਰੀ ਕੰਵਲਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ ਨੇ ਨਿਰੀਖਣ ਕੀਤਾ ਹੈ, ਨਿਰੀਖਣ ਕਰਨ ਉਪਰੰਤ ਜੂਨੀਅਰ ਇੰਜੀਨੀਅਰ ਦੀ ਰਿਪੋਰਟ ਅਨੁਸਾਰ ਉਕਤ ਬਿਲਡਿੰਗ ਸੇਫ ਹੈ। ਸ੍ਰੀ ਕੰਵਲਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ ਦੀ ਰਿਪੋਰਟ ਦੇ ਅਧਾਰ ਤੇ ਆਪ ਨੂੰ ਉਪਰੋਕਤ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2022-23 ਸਮਾਂ 31.03.2023 (ਇਕੱਤੀ ਮਾਰਚ ਦੋ ਹਜ਼ਾਰ ਤੇਈ) ਤੱਕ ਦੇ ਸਮੇਂ ਲਈ ਜਾਰੀ ਕੀਤਾ ਜਾਂਦਾ ਹੈ। ਇਹ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ ਕਿ:-

1) ਸਕੂਲ ਬਿਲਡਿੰਗ ਦੀ ਬਾਹਰੀ ਦਿੱਖ ਤੋਂ ਅੰਦਰੂਨੀ ਸਟਰਕਚਰਲ ਸਟੇਬਿਲਟੀ ਚੈਕ ਨਹੀਂ ਕੀਤੀ ਜਾ ਸਕਦੀ। ਇਸ ਲਈ ਜੇਕਰ ਕਿਸੇ ਵੀ ਸਮੇਂ ਬਿਲਡਿੰਗ ਦੇ ਸਟਰਕਚਰਲ ਡਿਜ਼ਾਈਨ ਵਿੱਚ ਕਮੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਇਸ ਲਈ ਸਕੂਲ ਅਥਾਰਿਟੀ ਖੁਦ ਜ਼ਿੰਮੇਵਾਰ ਹੋਵੇਗੀ।

2) ਜੇਕਰ ਸਕੂਲ ਅਥਾਰਟੀ ਵੱਲੋਂ ਬਿਲਡਿੰਗ ਵਿੱਚ ਕਿਸੇ ਵੀ ਤਰ੍ਹਾਂ ਦੀ ਅਡੀਸ਼ਨ/ਅਲਟਰੇਸ਼ਨ ਅਤੇ ਮੋਡੀਫਿਕੇਸ਼ਨ ਕੀਤੀ ਜਾਂਦੀ ਹੈ ਤਾਂ ਉਹ ਕਿਸੀ ਟੈਕਨੀਕਲ ਕੁਆਲੀਫਾਈਡ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਈ ਜਾਵੇ ਅਤੇ ਉਸ ਇੰਜੀਨੀਅਰ ਤੋਂ ਸਰਟੀਫਿਕੇਟ ਲਿਆ ਜਾਵੇ ਕਿ ਇਸ ਅਡੀਸ਼ਨ/ਅਲਟਰੇਸ਼ਨ ਅਤੇ ਮੋਡੀਫਿਕੇਸ਼ਨ ਕਰਨ ਨਾਲ ਬਿਲਡਿੰਗ ਸਟਰਕਚਰਲੀ ਸੇਫ ਰਹੇਗੀ ਅਤੇ ਇਹ ਕੰਮ ਕਰਨ ਤੋਂ ਬਾਅਦ ਸਕੂਲ ਵੱਲੋਂ ਦੁਬਾਰਾ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਲਿਆ ਜਾਵੇਗਾ।

3) ਜੇਕਰ ਬਿਲਡਿੰਗ ਨੂੰ ਹੜ੍ਹ ਨਾਲ ਨੁਕਸਾਨ ਹੁੰਦਾ ਹੈ ਅਤੇ ਦੀਵਾਰਾਂ/ਨੀਹਾਂ ਵਿੱਚ ਕਿਸ ਤਰ੍ਹਾਂ ਦੀ ਸੈਟਲਮੈਂਟ ਅਤੇ ਛੱਤਾਂ ਵਿੱਚ ਸੈਗਿੰਗ ਆਉਂਦੀ ਹੈ ਤਾਂ ਸਕੂਲ ਅਥਾਰਟੀ ਤੁਰੰਤ ਇਸ ਵਿਭਾਗ ਦੇ ਧਿਆਨ ਵਿੱਚ ਲਿਆਵੇਗੀ।

4) ਇਹ ਸਰਟੀਫਿਕੇਟ ਕਿਸੇ ਵੀ ਤਰ੍ਹਾਂ ਦੇ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਉਪਰੋਕਤ ਸ਼ਰਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ, ਜੇਕਰ ਆਪ ਵੱਲੋਂ ਕੋਈ ਵੀ ਅਣਗਹਿਲੀ/ਢਿੱਲ ਵਰਤੀ ਜਾਂਦੀ ਹੈ ਤਾਂ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਤਤਕਾਲ ਸਮੇਂ ਤੋਂ ਰੱਦ ਸਮਝਿਆ ਜਾਵੇਗਾ।

ਨੱਥੀ/ ਸਰਟੀਫਿਕੇਟ

ਇੰਜ. ਲਖਵਿੰਦਰ ਸਿੰਘ,
ਉਪ ਮੰਡਲ ਇੰਜੀਨੀਅਰ,
ਉਪ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ
ਮੋਰਿੰਡਾ।

ਪਿੱਠ ਅੰਕਣ ਨੰ. ਮਿਤੀ:

ਉਪਰੋਕਤ ਦਾ ਉਤਾਰਾ ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਨੰ. 1, ਲੋ.ਨਿ.ਵਿ. ਭ ਤੇ ਮ ਸ਼ਾਖਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਜੀ ਨੂੰ ਉਹਨਾਂ ਦੇ ਹਵਾਲੇ ਅਧੀਨ ਪੱਤਰ ਦੇ ਸਬੰਧ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਇੰਜ. ਲਖਵਿੰਦਰ ਸਿੰਘ,
ਉਪ ਮੰਡਲ ਇੰਜੀਨੀਅਰ,
ਉਪ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ,
ਮੋਰਿੰਡਾ।